# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-04-2024**

ਲੋਕ ਸਭਾ ਚੋਣਾਂ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ, ਕਪੂਰਥਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਅਮਿਤ ਕੁਮਾਰ ਪੰਚਾਲ ਨੇ ਕਲ ਸਮੂਹ ਨੋਡਲ ਅਫ਼ਸਰਾਂ ਨਾਲ ਮੀਟਿੰਗ ਕੀਤੀ। ਉਨਾਂ ਕਿਹਾ ਕਿ ਚੋਣਾਂ ਦਾ ਅਮਲ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਢੁੱਕਵੇਂ ਉਪਰਾਲੇ ਯਕੀਨੀ ਬਣਾਏ ਜਾਣੇ ਚਾਹੀਦੇ ਨੇ ਅਤੇ ਜ਼ਿਲ੍ਹੇ ਭਰ ਵਿੱਚ ਸ਼ੱਕੀ ਗਤੀਵਿਧੀਆਂ ਦੇ ਨਾਲ-ਨਾਲ ਸ਼ਰਾਬ ਦੀ ਸਪਲਾਈ, ਬਿਨਾਂ ਹਿਸਾਬ-ਕਿਤਾਬ ਤੋਂ ਨਕਦੀ ਤੇ ਗੈਰ-ਕਾਨੂੰਨੀ ਗਤੀਵਿਧੀਆਂ 'ਤੇ ਨੇੜਿਓਂ ਨਜ਼ਰ ਰੱਖਣ ਲਈ ਇਨਫੋਰਸਮੈਂਟ ਏਜੰਸੀਆਂ ਵੱਲੋਂ ਤਾਲਮੇਲ ਵਾਲੀ ਪਹੁੰਚ ਜ਼ਰੂਰੀ ਏ। ਉਨ੍ਹਾਂ ਸਮੂਹ ਸਹਾਇਕ ਰਿਟਰਨਿੰਗ ਅਫ਼ਸਰਾਂ ਅਤੇ ਪੁਲਿਸ ਅਧਿਕਾਰੀਆਂ ਨੂੰ ਸੁਤੰਤਰ, ਨਿਰਪੱਖ ਤੇ ਸ਼ਾਂਤੀਪੂਰਵਕ ਚੋਣਾਂ

ਕਰਵਾਉਣ ਲਈ ਅਮਨ-ਕਾਨੂੰਨ ਦੀ ਵਿਵਸਥਾ ਬਣਾਈ ਰੱਖਣ ਲਈ ਸਾਂਝੇ ਯਤਨ ਕਰਨ ਦੇ ਨਿਰਦੇਸ਼ ਵੀ ਦਿੱਤੇ।

-------------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫ਼ਸਰ ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਰਕਾਰੀ ਰਾਜਿੰਦਰਾ ਕਾਲਜ ਵਿਖੇ ਕੱਲ ਇਕ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਦੌਰਾਨ 10 ਵਿਦਿਆਰਥੀਆਂ ਦੇ ਆਫ਼ ਲਾਇਨ ਫਾਰਮ ਭਰੇ ਗਏ ਅਤੇ 34 ਨਵੀਆਂ ਵੋਟਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ। ਕਾਲਜ ਦੀ ਪ੍ਰਿੰਸੀਪਲ ਯੋਤਸਨਾ ਨੇ ਦੱਸਿਆ ਕਿ ਨੌਜਵਾਨ ਵਿਦਿਆਰਥੀਆਂ ਨੂੰ ਨਵੀਂ ਵੋਟ ਬਣਾਉਣ ਲਈ ਉਤਸਾਹਿਤ ਕਰਦਿਆਂ ਵੋਟ ਦੀ ਮੱਹਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਇਸ ਦੌਰਾਨ ਵਿਦਿਆਰਥੀਆਂ ਨੂੰ ਭਾਰਤੀ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਵਿਦਿਆਰਥੀਆਂ ਨੂੰ ਵੋਟਰ ਹੈਲਪ ਲਾਈਨ, ਸੀ-ਵੀਜ਼ਲ ਐਪ ਅਤੇ ਕੇ.ਵਾਈ.ਸੀ ਐਪ ਸਬੰਧੀ ਵੀ ਜਾਣਕਾਰੀ ਮੁਹੱਈਆ ਕਰਵਾਈ ਗਈ। ਕੈਂਪ ਦੌਰਾਨ ਬੀ ਐਲ ਓ

ਯਾਦਵਿੰਦਰ ਸਿੰਘ, ਚੋਣ ਸਵੀਪ ਅਫ਼ਸਰ ਪ੍ਰੋ. ਬਲਜਿੰਦਰ ਸਿੰਘ ਅਤੇ ਕਾਲਜ ਅੰਬੈਸਡਰ ਕਾਨਵ ਰਿਸ਼ੀ ਤੋਂ ਇਲਾਵਾ ਵਿਦਿਆਰਥੀ ਤੇ ਕਾਲਜ ਦਾ ਸਟਾਫ਼ ਮੌਜੂਦ ਰਹੇ । ਉਧਰ ਚੋਣਕਾਰ ਰਜਿਸਟਰੇਸ਼ਨ ਅਫਸਰ ਤਲਵੰਡੀ ਸਾਬੋ ਹਰਜਿੰਦਰ ਸਿੰਘ ਜੱਸਲ ਦੀ ਅਗਵਾਈ ਹੇਠ ਸਵੀਪ ਟੀਮ ਵੱਲੋਂ ਚਲਾਈ ਜਾ ਰਹੀ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਪਿੰਡਾਂ, ਸ਼ਹਿਰਾਂ, ਵਿਦਿਅਕ ਅਦਾਰਿਆਂ ਅਤੇ ਕੋਚਿੰਗ ਸੈਂਟਰਾਂ ਵਿੱਚ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਨੇ । ਇਨ੍ਹਾਂ ਕੈਂਪਾਂ ਦੌਰਾਨ ਸਵੀਪ ਟੀਮ ਨੇ ਲੋਕਾਂ ਨੂੰ ਬਿਨਾਂ ਕਿਸੇ ਡਰ, ਲਾਲਚ ਅਤੇ ਦਬਾਅ ਤੋਂ ਲਗਾਤਾਰ ਵੱਧ ਤੋਂ ਵੱਧ ਵੋਟਾਂ ਪਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਏ। ਵੋਟ ਬਣਾਉਣ ਦੇ ਤਰੀਕਿਆਂ ਸਬੰਧੀ ਵਿਸ਼ੇਸ਼ ਪੈਂਫਲਿਟ ਛਪਵਾ ਕੇ ਆਮ ਲੋਕਾਂ ਵਿੱਚ ਲਗਾਤਾਰ ਵੰਡੇ ਜਾ ਰਹੇ ਨੇ।

---------------------------------------------------------------

ਏਧਰ ਮੋਗਾ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ, ਇਸ ਵਾਰ ਲੋਕ ਸਭਾ ਚੋਣਾਂ ਦੌਰਾਨ ਵੋਟ ਫ਼ੀਸਦ ਵਧਾਉਣ ਲਈ ਹਰੇਕ ਵਰਗ ਤੱਕ ਪਹੁੰਚ ਕਰਕੇ, ਉਨਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ਜਾ ਰਹੀ ਏ । ਇਸੇ ਸਿਲਸਿਲੇ

ਵਿੱਚ ਜ਼ਿਲ੍ਹਾ ਚੋਣ ਅਫ਼ਸਰ ਕੁਲਵੰਤ ਸਿੰਘ ਦੇ ਨਿਰਦੇਸ਼ਾਂ ਤਹਿਤ ਜ਼ਿਲੇ ਦੀਆਂ ਮਹਿਲਾਵਾਂ ਨਾਲ 'ਵੋਮੈਨ ਵੋਟਰ ਮਿਲਣੀ'' ਪ੍ਰੋਗਰਾਮ ਦਾ ਆਯੋਜਨ ਡੀ.ਐਮ. ਕਾਲਜ ਆਫ਼ ਵੋਮੈਨ ਵਿਖੇ ਕੀਤਾ ਗਿਆ। ਇਸ ਵਿੱਚ ਵਧੀਕ ਡਿਪਟੀ ਕਮਿਸ਼ਨਰ ਹਰਕੀਰਤ ਕੌਰ ਚਾਨੇ ਅਤੇ ਸਵੀਪ ਨੋਡਲ ਅਫ਼ਸਰ ਸ਼ੁਭੀ ਆਂਗਰਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਨੌਜਵਾਨ ਮਹਿਲਾ ਵੋਟਰਾਂ ਦੇ ਸਵੀਪ ਆਈਕਨ ਜਸਪ੍ਰੀਤ ਕੌਰ ਜੱਸ ਢਿੱਲੋਂ, ਔਰਤ ਵੋਟਰਾਂ ਦੇ ਸਵੀਪ ਆਈਕਨ ਅਨਮੋਲ ਸ਼ਰਮਾ, ਮੋਗਾ ਦੀਆਂ ਸਮੂਹ ਮਹਿਲਾ ਐਨ.ਜੀ.ਓਜ਼, ਕਾਲਜ ਸਟਾਫ਼ ਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਨੇ ਹਿੱਸਾ ਲਿਆ। ਸਹਾਇਕ ਸਵੀਪ ਨੋਡਲ ਅਫ਼ਸਰ ਗੁਰਪ੍ਰੀਤ ਸਿੰਘ ਘਾਲੀ ਨੇ, ਵੋਟਾਂ ਸਬੰਧੀ ਸਾਰਿਆਂ ਨੂੰ ਜਾਗਰੂਕ ਕੀਤਾ।

---------------------------------------------------------------

ਸ਼ਹੀਦ ਭਗਤ ਸਿੰਘ ਨਗਰ ਜ਼ਿਲੇ ਦੇ ਜਿਲ੍ਹਾ ਚੋਣ ਅਫਸਰ ਨਵਜੋਤ ਪਾਲ ਸਿੰਘ ਰੰਧਾਵਾ ਦੇ ਹੁਕਮਾਂ ਅਤੇ ਨੋਡਲ ਅਫਸਰ ਸਵੀਪ ਰਾਜੀਵ ਵਰਮਾ ਦੇ ਨਿਰਦੇਸ਼ਾਂ ਅਨੁਸਾਰ ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦੇ

ਹੋਏ, ਜ਼ਿਲੇ ਦੇ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਨੌਰਾ ਵਿਖੇ, ਉੱਪ ਜਿਲ੍ਹਾ ਸਿੱਖਿਆ ਅਫਸਰ ਰਾਜੇਸ਼ ਕੁਮਾਰ ਦੀ ਅਗਵਾਈ ਹੇਠ ਸਵੀਪ ਗਤੀਵਿਧੀਆਂਅਧੀਨ ਨੌਜਵਾਨ ਵੋਟਰਾਂ ਲਈ ਵੋਟਰ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ । ਸਵੀਪ ਦੇ ਨੋਡਲ ਅਫਸਰ ਸਤਨਾਮ ਸਿੰਘ ਬੀ. ਐਲ. ਐਮ.ਗਰਲਜ ਕਾਲਜ ਨਵਾਂ ਸ਼ਹਿਰ ਤੋ ਰਾਜਨੀਤੀ ਵਿਭਾਗ ਦੇ ਸਹਾਇਕ ਪ੍ਰੋਫੈਸਰ ਹਰਦੀਪ ਕੌਰ ਨੇ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕੀਤੀ । ਉਨਾਂ ਵਲੋਂ ETT ਕਰ ਰਹੇ ਵਿਦਿਆਰਥੀਆਂ ਨੂੰ ਵੋਟਾਂ ਬਾਰੇ ਜਾਗਰੂਕ ਕਰਨ ਲਈ ਆਪਣੇ ਵਿਚਾਰ ਪੇਸ਼ ਕੀਤੇ ਗਏ । ਸਵੀਪ ਦੇ ਨੋਡਲ ਅਫਸਰ ਸਤਨਾਮ ਸਿੰਘ ਨੇ ਵਿਦਿਆਰਥੀਆਂ ਨੂੰ ਆਪਣੀ ਵੋਟ ਬਣਵਾਉਣਾ ਲਾਜ਼ਮੀ ਕਰਾਰ ਦੇਣ ਦੇ ਨਾਲ -ਨਾਲ ਉਨਾਂ ਨੂੰ ਆਪਣੀ ਵੋਟ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਨੌਜਵਾਨ ਹੀ ਨੇ ਜਿਹੜੇ ਭਵਿੱਖ ਵਿੱਚ ਦੇਸ਼ ਦੇ ਲੋਕਤੰਤਰ ਨੂੰ ਬਰਕਰਾਰ ਰੱਖ ਸਕਦੇ ਨੇ । ਉਨ੍ਹਾਂ ਕਿਹਾ ਕਿ ਜਿਹੜੇ ਵਿਦਿਆਰਥੀਆਂ ਦੀ ਉਮਰ ਪਹਿਲੀ ਅਪ੍ਰੈਲ ਨੂੰ 18 ਸਾਲ ਹੋ ਚੁੱਕੀ

ਏ, ਉਹ ਆਪਣੀ ਵੋਟ ਆਨਲਾਈਨ ਮਾਧਿਅਮ ਨਾਲ ਵੀ ਬਣਵਾ ਸਕਦੇ ਨੇ।

---------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ ਅਤੇ ਬਾਰਵੀਂ ਜਮਾਤ ਦੇ ਨਤੀਜੇ ਦਾ ਐਲਾਨ ਬੋਰਡ ਦੀ ਚੇਅਰਪਰਸਨ ਡਾ.ਸਤਬੀਰ ਬੇਦੀ ਵੱਲੋਂ, ਮੋਹਾਲੀ ਵਿਖੇ ਅੱਜ ਸ਼ਾਮ ਚਾਰ ਵਜੇ ਕੀਤਾ ਜਾਵੇਗਾ। ਬੋਰਡ ਦੇ ਇਕ ਬੁਲਾਰੇ ਨੇ ਇਹ ਜਾਣਕਾਰੀ ਦਿੱਤੀ ਏ। ਵਿਦਿਆਰਥੀ ਬੁੱਧਵਾਰ ਸਵੇਰੇ 7 ਵਜੇ ਤੋਂ ਬੋਰਡ ਦੀ ਵੈੱਬਸਾਈਟ ਤੋਂ ਨਤੀਜਾ ਦੇਖ ਸਕਣਗੇ।

---------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ, ਅੰਮ੍ਰਿਤਸਰ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ, ਕਲ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ, ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਦੇ ਸਹਿਯੋਗ ਨਾਲ, ਗੁਰਦੁਆਰਾ ਗੁਰੂ ਕੇ

ਮਹਿਲ ਵਿਖੇ ਗੁਰਮਤਿ ਸਮਾਗਮ ਆਯੋਜਿਤ ਕੀਤੇ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਵੱਖ-ਵੱਖ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਇਸੇ ਦੌਰਾਨ ਰਾਤ ਵੇਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ ਅਤੇ ਦੀਪਮਾਲਾ ਕੀਤੀ ਗਈ।